**ਪੰਜਾਬ ਸਰਕਾਰ**
**ਸਿੱਖਿਆ ਵਿਭਾਗ**

ਸੇਵਾ ਵਿਖੇ

ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ
ਸਿਹਤ ਅਤੇ ਪਰਿਵਾਰ ਭਲਾਈ ਵਿਭਾਗ
ਪੰਜਾਬ ਸਿਵਲ ਸਕੱਤਰੇਤ-2, ਚੰਡੀਗੜ੍ਹ।

ਮੀਮੋ ਨੰ: 11/98/18-5ਸਿ6/248
ਮਿਤੀ: 25/9/18

**ਵਿਸ਼ਾ:** **ਸਿੱਖਿਆ ਵਿਭਾਗ ਦੇ ਅਧਿਕਾਰੀਆਂ/ਕਰਮਚਾਰੀਆਂ ਅਤੇ ਉਹਨਾਂ ਦੇ ਆਸ਼ਰਿਤਾਂ ਨੂੰ ਮੈਡੀਕਲ ਖਰਚੇ ਦੀ ਪ੍ਰਤੀ ਪੂਰਤੀ ਕਰਨ ਸਬੰਧੀ ਪਾਲਿਸੀ ਅਧੀਨ ਵਿੱਤੀ ਅਧਿਕਾਰਾਂ ਦਾ ਵਿਕੇਂਦਰੀਕਰਣ ਕਰਨ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਇਸ ਦਫਤਰ ਦੇ ਪੱਤਰ ਨੰ: 11/98/18-5ਸਿ6/1274701 /1-3 ਮਿਤੀ 18.07.2018 (ਕਾਪੀ ਨੱਥੀ ਹੈ) ਰਾਹੀਂ ਸਿੱਖਿਆ ਵਿਭਾਗ ਦੇ ਅਧਿਕਾਰੀਆਂ/ ਕਰਮਚਾਰੀਆਂ ਅਤੇ ਉਹਨਾਂ ਦੇ ਆਸ਼ਰਿਤਾਂ ਨੂੰ ਮੈਡੀਕਲ ਖਰਚੇ ਦੀ ਪ੍ਰਤੀ ਪੂਰਤੀ ਕਰਨ ਸਬੰਧੀ ਪਾਲਿਸੀ ਅਧੀਨ ਵਿੱਤੀ ਅਧਿਕਾਰਾਂ ਦਾ ਵਿਕੇਂਦਰੀਕਰਣ ਕਰਦੇ ਹੋਏ ਜਿਲ੍ਹਾ ਅਧਿਕਾਰੀਆਂ (ਜਿਲ੍ਹਾ ਸਿੱਖਿਆ ਅਫਸਰਾਂ) ਦੀਆਂ 50000/- ਰੁਪਏ ਤੱਕ ਦੇ ਮੈਡੀਕਲ ਕਲੇਮ ਮਨਜੂਰ ਕਰਨ ਦੀਆਂ ਪਾਵਰਾਂ ਪ੍ਰਿੰਸੀਪਲ/ਮੁੱਖ ਅਧਿਆਪਕਾਂ/ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ ਨੂੰ ਦਿੱਤੀਆਂ ਗਈਆਂ ਹਨ, ਕਿਉਂਕਿ ਜਿਲ੍ਹਾ ਸਿੱਖਿਆ ਅਫਸਰ ਅਤੇ ਪ੍ਰਿੰਸੀਪਲ ਦਾ ਰੁਤਬਾ ਬਰਾਬਰ ਦਾ ਹੈ ਅਤੇ ਕਿਸੇ ਵੀ ਪ੍ਰਿੰਸੀਪਲ ਨੂੰ ਜਿਲ੍ਹਾ ਸਿੱਖਿਆ ਅਫਸਰ ਲਗਾਇਆ ਜਾਂ ਸਕਦਾ ਹੈ।

2. ਇਸ ਪੱਤਰ ਰਾਹੀਂ ਸਕੂਲਾਂ ਦੇ ਪ੍ਰਿੰਸੀਪਲ /ਮੁੱਖ ਅਧਿਆਪਕ/ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ/ ਜਿਲ੍ਹਾ ਸਿੱਖਿਆ ਅਫਸਰਾਂ ਨੂੰ ਮੈਡੀਕਲ ਕਲੇਮਾਂ ਦਾ ਜਲਦੀ ਨਿਪਟਾਰਾ ਕਰਨ ਹਿਤ ਸਿਧੇ ਜਿਲ੍ਹੇ ਦੇ ਸਿਵਲ ਸਰਜਨ ਨੂੰ ਭੇਜਣ ਲਈ ਹਦਾਇਤ ਕੀਤੀ ਗਈ ਸੀ। ਪ੍ਰੰਤੂ ਡੀ.ਡੀ.ਓ. ਵੱਲੋਂ ਜਿਹੜੇ ਮੈਡੀਕਲ ਬਿੱਲ ਵੈਰੀਫਾਈ ਕਰਨ ਲਈ ਸਿਵਲ ਸਰਜਨ ਦਫਤਰਾਂ ਨੂੰ ਭੇਜੇ ਜਾਂਦੇ ਹਨ, ਉਹ ਮੈਡੀਕਲ ਬਿੱਲ, ਉਨ੍ਹਾਂ ਵੱਲੋਂ ਇਸ ਗਰਾਉਂਡ ਤੇ ਵਾਪਿਸ ਕਰ ਦਿੱਤੇ ਜਾਂਦੇ ਹਨ ਕਿ ਉਨ੍ਹਾਂ ਨੂੰ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਇਸ ਸਬੰਧੀ ਲੋੜੀਂਦਾ ਪੱਤਰ ਪ੍ਰਾਪਤ ਨਹੀਂ ਹੋਇਆ ਹੈ ਅਤੇ ਉਨ੍ਹਾਂ ਵੱਲੋਂ ਜੁਬਾਨੀ ਤੌਰ ਤੇ ਇਹ ਮੈਡੀਕਲ ਬਿੱਲ ਜਿਲ੍ਹਾ ਸਿੱਖਿਆ ਅਫਸਰ ਰਾਹੀਂ ਭੇਜਣ ਲਈ ਕਿਹਾ ਜਾ ਰਿਹਾ ਹੈ।

3. ਇਸ ਲਈ ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਅਧੀਨ ਆਉਂਦੇ ਸਮੂਹ ਸਿਵਲ ਸਰਜਨਾਂ ਨੂੰ ਹਦਾਇਤ ਕਰਨ ਦੀ ਖੇਚਲ ਕੀਤੀ ਜਾਵੇ ਕਿ ਸਕੂਲ ਮੁੱਖੀਆਂ /ਬਲਾਕ ਸਿੱਖਿਆ ਅਫਸਰਾਂ ਵੱਲੋਂ ਵੈਰੀਫਿਕੇਸ਼ਨ/ਕਾਰਜ ਬਾਦ ਪ੍ਰਵਾਨਗੀ ਲਈ ਭੇਜੇ ਜਾ ਰਹੇ ਮੈਡੀਕਲ ਕਲੇਮ ਪ੍ਰਾਪਤ ਕਰ ਲਏ ਜਾਣ ਤਾਂ ਜੋ ਮੈਡੀਕਲ ਬਿੱਲਾਂ ਦੀ ਵੈਰੀਫਿਕੇਸ਼ਨ ਜਲਦੀ ਹੋ ਸਕੇ ਅਤੇ ਅਧਿਕਾਰੀਆਂ/ ਕਰਮਚਾਰੀਆਂ ਨੂੰ ਮੈਡੀਕਲ ਖਰਚੇ ਦੀ ਪ੍ਰਤੀ ਪੂਰਤੀ ਸਮੇਂ ਸਿਰ ਕੀਤੀ ਜਾ ਸਕੇ।

ਸਕੱਤਰ ਸਕੂਲ ਸਿੱਖਿਆ
ਪੰਜਾਬ

ਪਿੱਠ ਅੰਕਣ ਨੰ: 11/98/18-5ਸਿ6/249252 ਮਿਤੀ: 25/9/18

ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ :-

1) ਡਾਇਰੈਕਟਰ, ਸਿਹਤ ਤੇ ਪਰਿਵਾਰ ਭਲਾਈ, ਪੰਜਾਬ,ਪਰਿਵਾਰ ਕਲਿਆਣ ਭਵਨ ਸੈਕਟਰ 34 ਏ, ਚੰਡੀਗੜ੍ਹ।
2) ਸਮੂਹ ਸਿਵਲ ਸਰਜਨ ਪੰਜਾਬ ਰਾਜ।
3) ਸਮੂਹ ਜ਼ਿਲਾ ਸਿੱਖਿਆ ਅਫਸਰ (ਸੈ:ਸਿ:/ਐ:ਸਿ:) ਪੰਜਾਬ ਰਾਜ।
4) ਸਮੂਹ ਪ੍ਰਿੰਸੀਪਲ/ਮੁੱਖ ਅਧਿਆਪਕ/ਬੀ.ਪੀ.ਈ.ਓ. ਪੰਜਾਬ ਰਾਜ।

ਸਕੱਤਰ ਸਕੂਲ ਸਿੱਖਿਆ,
ਪੰਜਾਬ।